# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 29-05-2025**

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ -ਭਾਸ਼ਾਵਾਂ ਦੇ ਮਾਮਲੇ ਵਿੱਚ ਭਾਰਤ ਦਾ ਦੁਨੀਆ ਵਿੱਚ ਇੱਕ ਵਿਲੱਖਣ ਸਥਾਨ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵਲੋਂ, ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਬਾਰੇ, ਜ਼ਿਲ੍ਹਾ ਚੋਣ ਅਧਿਕਾਰੀ ਅਤੇ ਪੁਲਿਸ ਕਮਿਸ਼ਨਰ ਨਾਲ ਜਾਇਜ਼ਾ ਮੀਟਿੰਗ ।
- ਲੁਧਿਆਣਾ ਪੱਛਮੀ ਸੀਟ ਲਈ ਨਾਮਜ਼ਦਗੀਆਂ ਦੇ ਚੌਥੇ ਦਿਨ 4 ਨਾਮਜ਼ਦਗੀ ਪੱਤਰ ਦਾਖਲ ਹੋਏ।
- ਮਾਲੇਰਕੋਟਲਾ ਵਿਖੇ "ਅੰਗ ਦਾਨ ਜਾਗਰੂਕਤਾ ਵਾਕਾਥੌਨ" ਦਾ ਆਯੋਜਨ।
- ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਦਾ ਅੰਤਿਮ ਸੰਸਕਾਰ ਕੱਲ੍ਹ ਸੰਗਰੂਰ ਜ਼ਿਲ੍ਹੇ ਵਿਚ ਉਨ੍ਹਾਂ ਦੇ ਜੱਦੀ ਪਿੰਡ ਉਭਾਵਾਲ ਵਿਖੇ ਕੀਤਾ ਜਾਵੇਗਾ।

- IPL ਕ੍ਰਿਕੇਟ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ ਅੱਜ ਸ਼ਾਮ ਪਹਿਲੇ ਕੁਆਲੀਫਾਇਰ ਵਿੱਚ, ਰਾਇਲ ਚੈਲੇਂਜਰਜ਼ ਬੰਗਲੁਰੂ ਨਾਲ ਹੋਵੇਗਾ ।

**<u>ਹੁਣ ਖਬਰਾਂ ਵਿਸਥਾਰ ਨਾਲ.....</u>**

---

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਭਾਸ਼ਾਵਾਂ ਦੇ ਮਾਮਲੇ ਵਿੱਚ ਭਾਰਤ ਦਾ ਦੁਨੀਆ ਵਿੱਚ ਇੱਕ ਵਿਲੱਖਣ ਸਥਾਨ ਏ ਅਤੇ ਇਸਦੀਆਂ ਭਾਸ਼ਾਵਾਂ ਦਾ ਸਾਹਿਤ ਗਿਆਨ ਦਾ ਭੰਡਾਰ ਏ । ਨਵੀਂ ਦਿੱਲੀ ਵਿੱਚ ਭਾਰਤੀ ਅੰਕੜਾ ਸੇਵਾ ਦੇ ਸਿਖਿਆਰਥੀ ਅਧਿਕਾਰੀਆਂ ਨਾਲ ਗੱਲਬਾਤ ਕਰਦੇ ਹੋਏ, ਸ਼੍ਰੀ ਧਨਖੜ ਨੇ ਕਿਹਾ ਕਿ ਭਾਰਤ ਦੀ ਸਮਾਵੇਸ਼ੀਤਾ ਇਸਦੀਆਂ ਭਾਸ਼ਾਵਾਂ ਵਿੱਚ ਝਲਕਦੀ ਏ । ਉਨ੍ਹਾਂ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ ਵਿੱਚ ਮਾਤ ਭਾਸ਼ਾ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਹੁਣ ਮੈਡੀਕਲ ਅਤੇ ਇੰਜੀਨੀਅਰਿੰਗ ਸਿੱਖਿਆ, ਸਥਾਨਕ ਭਾਸ਼ਾਵਾਂ ਵਿੱਚ ਵੀ ਦਿੱਤੀ ਜਾ ਰਹੀ ਏ । ਉਪ-ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਇਸ ਸਮੇਂ ਬੇਮਿਸਾਲ ਆਰਥਿਕ ਵਿਕਾਸ ਅਤੇ ਬੇਹਤਰੀਨ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਗਵਾਹ ਬਣ ਰਿਹਾ ਏ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਿੱਕਮ ਸਮੇਤ ਪੂਰਾ ਉੱਤਰ-ਪੂਰਬ, ਭਾਰਤ ਦੀ ਤਰੱਕੀ ਵਿੱਚ ਇੱਕ ਚਮਕਦਾ ਅਧਿਆਇ ਬਣ ਰਿਹਾ ਏ। ਅੱਜ ਵਰਚੁਅਲ ਮਾਧਿਅਮ ਰਾਹੀਂ ਸਿੱਕਮ ਦੇ 50 ਸਾਲਾਂ ਦੇ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਸਿੱਕਮ ਦੀ ਤਰੱਕੀ ਨੂੰ ਪੂਰਾ ਸਮਰਥਨ ਦੇ ਰਹੀ ਏ।**BYTE:** ਸਮਾਵੇਸ਼ੀ ਵਿਕਾਸ ਏਜੰਡੇ ਬਾਰੇ, ਪ੍ਰਧਾਨ ਮੰਤਰੀ ਨੇ ਕਿਹਾ ਕਿ 2014 ਵਿੱਚ ਅਸੀਂ ਸਬਕਾ ਸਾਥ ਸਬਕਾ ਵਿਕਾਸ ਦਾ ਨਾਅਰਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਲਈ ਹਰ ਰਾਜ ਅਤੇ ਖੇਤਰ ਦਾ ਸੰਤੁਲਿਤ ਵਿਕਾਸ ਜ਼ਰੂਰੀ ਏ। ਸ੍ਰੀ ਮੋਦੀ ਨੇ ਸਿੱਕਮ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਹ ਖੇਤੀਬਾੜੀ ਦੇ ਨਵੇਂ ਤਰੀਕਿਆਂ ਵਿੱਚ ਮੋਹਰੀ ਏ। ਉਨ੍ਹਾਂ ਕਿਹਾ ਕਿ ਟੀਚਾ ਅਗਲੇ 25 ਸਾਲਾਂ ਵਿੱਚ ਸਿੱਕਮ ਨੂੰ ਦੁਨੀਆ ਦਾ ਇੱਕ ਮਾਡਲ ਸੂਬਾ ਬਣਾਉਣਾ ਹੋਣਾ ਚਾਹੀਦਾ ਏ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਪੰਜਾਬ ਵਿਧਾਨ ਸਭਾ ਦੀ ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਜ਼ਿਲ੍ਹੇ ਦੇ ਜ਼ਿਲ੍ਹਾ ਚੋਣ ਅਧਿਕਾਰੀ ਅਤੇ ਪੁਲਿਸ ਕਮਿਸ਼ਨਰ ਨਾਲ ਵੀਡਿਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ ।

ਮੀਟਿੰਗ ਦੌਰਾਨ ਸਿਬਿਨ ਸੀ ਨੇ ਚੋਣ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਨਿਯਮਾਂ ਅਨੁਸਾਰ ਸ਼ਾਂਤਮਈ ਤਰੀਕੇ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ਿਲ੍ਹਾ ਚੋਣ ਅਧਿਕਾਰੀ ਨੂੰ ਪੋਲਿੰਗ ਬੂਥਾਂ, ਕਾਊਂਟਿੰਗ ਹਾਲਾਂ ਅਤੇ ਸਟਰਾਂਗ ਰੂਮਾਂ ਵਿੱਚ ਢੁਕਵੇਂ ਪ੍ਰਬੰਧ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਰੀਅਲ-ਟਾਈਮ ਮਾਨੀਟਰਿੰਗ ਲਈ ਪੋਲਿੰਗ ਸਟੇਸ਼ਨਾਂ ਦੀ 100 ਫੀਸਦ ਲਾਈਵ ਵੈਬਕਾਸਟਿੰਗ ਯਕੀਨੀ ਬਣਾਈ ਜਾਵੇ। ਮੁੱਖ ਚੋਣ ਅਧਿਕਾਰੀ ਵੱਲੋਂ ਵੋਟਰਾਂ ਦੀ ਪੋਲਿੰਗ ਬੂਥਾਂ 'ਤੇ ਹਰ ਤਰਾਂ ਦੀਆ ਜਰੂਰਤਾਂ ਅਤੇ ਗਰਮੀ ਤੋਂ ਬਚਣ ਲਈ ਸਾਰੇ ਇੰਤਜ਼ਾਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ । ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਕੋਵਿਡ-19 ਦੇ ਪ੍ਰੋਟੋਕੋਲ ਯਕੀਨੀ ਬਣਾਉਣ ਲਈ ਵੀ ਕਿਹਾ । ਸਿਬਿਨ ਸੀ ਵੱਲੋਂ ਲੁਧਿਆਣਾ ਪੁਲਿਸ ਕਮਿਸ਼ਨਰ ਨੂੰ ਵੋਟਾਂ ਤੋਂ ਪਹਿਲਾਂ ਦੇ 72, 48 ਅਤੇ 24 ਘੰਟਿਆਂ ਤੋਂ ਲੈ ਕੇ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਚੌਕਸੀ ਹੋਰ ਵਧਾਉਣ, ਨਾਕਿਆਂ ਉੱਤੇ ਸਖਤੀ ਕਰਨ ਅਤੇ ਹਲਕਿਆਂ ਤੋਂ ਬਾਹਰਲੇ ਲੋਕਾਂ ਦੀ ਆਵਾਜਾਈ ਉੱਤੇ ਤਿੱਖੀ ਨਜ਼ਰ ਰੱਖਣ ਦੇ ਹੁਕਮ ਦਿੱਤੇ ਗਏ।

---------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੁਧਿਆਣਾ ਪੱਛਮੀ ਸੀਟ ਲਈ ਅੱਜ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਉਮੀਦਵਾਰ

ਭਾਰਤ ਭੂਸ਼ਣ ਆਸ਼ੂ ਅਤੇ ਕਵਰਿੰਗ ਉਮੀਦਵਾਰ ਮਮਤਾ ਆਸ਼ੂ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ ਗਿਆ । ਇਸ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਤੋਂ ਉਮੀਦਵਾਰ ਐਡਵੋਕੇਟ ਪਰ-ਉਪਕਾਰ ਸਿੰਘ ਘੁੰਮਣ ਅਤੇ ਕਵਰਿੰਗ ਉਮੀਦਵਾਰ ਅਰਵਿੰਦਰ ਕੋਰ ਘੁੰਮਣ ਨੇ ਨਾਮਜ਼ਦਗੀਆਂ ਦਾਖ਼ਲ ਕੀਤੀਆਂ ਨੇ । ਇਸ ਤੋਂ ਪਹਿਲਾਂ ਬੀਤੇ ਦਿਨ 28 ਮਈ ਨੂੰ ਇੱਕ ਆਜ਼ਾਦ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤਾ ਗਿਆ ਸੀ। ਜ਼ਿਕਰਯੋਗ ਏ ਕਿ ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 2 ਜੂਨ ਏ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 3 ਜੂਨ ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਆਖਰੀ ਤਰੀਕ 5 ਜੂਨ ਏ । 30 ਅਤੇ 31 ਮਈ ਨੂੰ ਵੀ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਸਕਦੇ ਨੇ ।

---------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਮੰਤਰੀ ਮੰਡਲ ਵੱਲੋਂ ਲਏ ਗਏ ਫੈਸਲੇ ਲੋਕ ਭਲਾਈ ਵਾਲੇ ਨੇ । ਉਨ੍ਹਾਂ ਕਿਹਾ ਕਿ ਘਟੋ ਘੱਟ ਸਮਰਥਨ ਮੁੱਲ ਪੈਕੇਜ ਸਿਰਫ਼ ਇੱਕ ਐਲਾਨ ਨਹੀਂ ਏ , ਇਹ

ਕਿਸਾਨਾਂ ਦੇ ਸਨਮਾਨ ਅਤੇ ਉਨ੍ਹਾਂ ਦੀ ਆਮਦਨ ਵਧਾਉਣ ਪ੍ਰਤੀ ਸ੍ਰੀ ਮੋਦੀ ਦੀ ਵਚਨਬੱਧਤਾ ਦਾ ਸਬੂਤ ਏ । **BYTE**

---------------------------------------------------------

**<u>ਇਹ ਖਬਰਾਂ ਤੁਸੀਂ ਆਕਾਸ਼ਵਾਣੀ ਤੋਂ ਸੁਣ ਰਹੇ ਓ</u>**

**Ø ਸਾਡਾ X ਹੈਂਡਲ ਏ -**

**AT THE RATE AIR RNU JALANDHAR**

---------------------------------------------------------

ਅੰਗ ਦਾਨ ਵਰਗੇ ਨੇਕ ਕਾਰਜ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ, ਭਾਰਤੀ ਮੈਡੀਕਲ ਐਸੋਸੀਏਸ਼ਨ ਅਤੇ ਲੁਧਿਆਣਾ ਇਕਾਈ ਹਸਪਤਾਲ ਦੇ ਸਹਿਯੋਗ ਨਾਲ ਮਾਲੇਰਕੋਟਲਾ ਵਿਚ "ਅੰਗ ਦਾਨ ਜਾਗਰੂਕਤਾ ਵਾਕਾਥੌਨ" ਕਾਰਵਾਈ ਗਈ । ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਵਾਕਾਥੌਨ ਨੂੰ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਲੋਕਾਂ ਨੂੰ ਅੰਗ ਦਾਨ ਬਾਰੇ ਜਾਗਰੂਕ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਅੰਗ ਦਾਨ ਇੱਕ ਸਭ ਤੋਂ ਉੱਚੀ ਅਤੇ ਮਹਾਨ ਸੇਵਾ ਏ । ਸਾਡੇ ਇਕ ਫੈਸਲੇ ਨਾਲ ਕਿਸੇ ਦੀ ਜ਼ਿੰਦਗੀ ਬਚ ਸਕਦੀ ਏ । ਮੌਤ ਤੋਂ ਬਾਅਦ ਅੰਗ ਦਾਨ ਕਰਨਾ ਇੱਕ ਐਸਾ ਉਪਕਾਰਕ ਕੰਮ ਏ ਜੋ ਅਣਜਾਣ ਲੋਕਾਂ

ਲਈ ਨਵੀਂ ਜ਼ਿੰਦਗੀ ਦੀ ਕਿਰਨ ਬਣ ਸਕਦਾ ਏ । ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ। **BYTE:**

ਡਾ. ਬਲਦੇਵ ਸਿੰਘ ਔਲਖ ਨੇ ਅੰਗ ਦਾਨ ਸੰਬੰਧੀ ਤਕਨੀਕੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅੱਜ ਵੀ ਭਾਰਤ ਵਿੱਚ ਹਜ਼ਾਰਾਂ ਮਰੀਜ਼ ਜਿਹਨਾਂ ਨੂੰ ਲਿਵਰ, ਕਿਡਨੀ ਜਾਂ ਦਿਲ ਦੀ ਲੋੜ ਹੈ, ਉਨ੍ਹਾਂ ਲਈ ਅੰਗ ਦਾਨੀਆਂ ਦੀ ਘਾਟ ਏ । ਇਨ੍ਹਾਂ ਨੂੰ ਸਿਰਫ਼ ਜਾਗਰੂਕਤਾ ਰਾਹੀਂ ਹੀ ਦੂਰ ਕੀਤਾ ਜਾ ਸਕਦਾ ਏ । ਵਾਕਾਥੌਨ ਦੇ ਰੂਪ ਵਿੱਚ ਨਗਰ ਦੀਆਂ ਵੱਖ-ਵੱਖ ਗਲੀਆਂ,ਬਜਾਰਾਂ ਵਿੱਚੋਂ ਹੋ ਕੇ ਜਾਗਰੂਕਤਾ ਰੈਲੀ ਨਿਕਲੀ, ਜਿਸ ਵਿੱਚ ਡਾਕਟਰਾਂ, ਸਮਾਜ ਸੇਵਕਾਂ ਅਤੇ ਆਮ ਨਾਗਰਿਕਾਂ ਨੇ ਹੱਥਾਂ ਵਿੱਚ ਬੈਨਰ, ਪੋਸਟਰ ਅਤੇ ਅੰਗ ਦਾਨ ਸੰਬੰਧੀ ਨਾਅਰੇ ਲੈ ਕੇ ਲੋਕਾਂ ਨੇ ਅੰਗ ਦਾਨ ਜਾਗਰੂਕਤਾ ਸੰਦੇਸ਼ ਦਿੱਤਾ। ਇਸ ਮੌਕੇ ਹੋਰ ਅਧਿਕਾਰੀਆ ਤੋਂ ਇਲਾਵਾ ਵੱਖ ਵੱਖ ਸਮਾਜ ਸੇਵੀ ਜੰਥੇਬੰਦੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ ।

---------------------------------------------------------

ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਦਾ ਅੰਤਿਮ ਸੰਸਕਾਰ ਕੱਲ੍ਹ ਦੁਪਹਿਰ ਇੱਕ ਵਜੇ ਸੰਗਰੂਰ ਜ਼ਿਲ੍ਹੇ ਵਿਚ ਉਨ੍ਹਾਂ ਦੇ ਜੱਦੀ ਪਿੰਡ ਉਭਾਵਾਲ ਵਿਖੇ ਕੀਤਾ ਜਾਵੇਗਾ। ਸ਼੍ਰੀ ਢੀਂਡਸਾ ਦਾ ਬੀਤੇ ਦਿਨ 89 ਸਾਲ ਦੀ ਉਮਰ ਵਿਚ ਦੇਹਾਂਤ ਹੋ

ਗਿਆ ਸੀ। ਉਹ ਸੰਗਰੂਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਲੋਕ ਸਭਾ ਮੈਂਬਰ ਅਤੇ ਅਟਲ ਬਿਹਾਰੀ ਵਾਜਪਾਈ ਸਰਕਾਰ ਵਿਚ ਖੇਡ, ਰਸਾਇਣ ਤੇ ਖਾਦਾਂ ਸਬੰਧੀ ਕੇਂਦਰੀ ਮੰਤਰੀ ਵੀ ਰਹੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਨ੍ਹਾਂ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਕਿਹਾ ਕਿ ਸ਼੍ਰੀ ਢੀਂਡਸਾ ਦਾ ਦੇਹਾਂਤ ਦੇਸ਼ ਲਈ ਵੱਡਾ ਘਾਟਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ, ਮਹਾਨ ਸਿਆਸਤਦਾਨ ਸਨ, ਜਿਨ੍ਹਾਂ ਕੋਲ ਬੇਮਿਸਾਲ ਸਿਆਣਪ ਅਤੇ ਲੋਕ ਸੇਵਾ ਪ੍ਰਤੀ ਅਟੁੱਟ ਵਚਨਬੱਧਤਾ ਸੀ। ਉਨ੍ਹਾਂ ਕਿਹਾ ਕਿ ਮਰਹੂਮ ਨੇਤਾ ਦਾ ਹਮੇਸ਼ਾ ਪੰਜਾਬ ਦੇ ਲੋਕਾਂ ਅਤੇ ਸੱਭਿਆਚਾਰ ਨਾਲ ਜ਼ਮੀਨੀ ਪੱਧਰ 'ਤੇ ਸਬੰਧ ਰਿਹਾ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸ਼੍ਰੀ ਢੀਂਡਸਾ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਏ

----------------------------------------------------

ਸਰਕਾਰ ਵਲੋਂ ਘਰੇਲੂ ਹਿੰਸਾ ਦੀਆਂ ਪੀੜਿਤ ਔਰਤਾਂ ਨੂੰ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਉਣ ਅਤੇ ਹੱਕਾਂ ਦੀ ਜਾਣਕਾਰੀ ਦੇਣ ਦੇ ਉਦੇਸ਼ ਨਾਲ, ਲੋਕਾਂ ਖ਼ਾਸਕਰ ਔਰਤਾਂ ਨੂੰ ਜਾਗਰੂਕ ਕੀਤਾ ਜਾਂਦਾ ਏ। ਇਸੇ ਸਿਲਸਿਲੇ ਤਹਿਤ, ਫਤਿਹਗੜ੍ਹ ਸਾਹਿਬ ਦੇ ਸਿਵਲ ਹਸਪਤਾਲ ਵਿੱਚ ਬੀਤੇ ਦਿਨ "ਸਾਂਝ ਰਾਹਤ ਕੇਂਦਰ" ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਵਿਸ਼ੇਸ਼ ਡੀ.ਜੀ.ਪੀ ਗੁਰਪ੍ਰੀਤ ਕੌਰ ਦਿਓ ਨੇ, ਕੇਂਦਰ ਦੇ ਮਕਸਦ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ । **BYTE**

-----------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ, ਸੂਬਾ ਪੱਧਰੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਵਿੱਚ ਸ਼ਾਨਦਾਰ ਯੋਗਦਾਨ ਪਾਉਣ ਲਈ, 15 ਪੁਲਿਸ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ ਏ । ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ 6 ਸਬ-ਇੰਸਪੈਕਟਰਾਂ ਅਤੇ 9 ਸਹਾਇਕ ਸਬ-ਇੰਸਪੈਕਟਰਾਂ ਨੂੰ ਸੀਸੀ-1 ਸਰਟੀਫਿਕੇਟ ਦਿੱਤੇ , ਜਿਨ੍ਹਾਂ ਨੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਸ਼ਾਨਦਾਰ ਯੋਗਦਾਨ ਪਾਇਆ। ਹਰੇਕ ਕਰਮਚਾਰੀ ਨੂੰ ਮਾਨਤਾ ਦੇ ਪ੍ਰਤੀਕ ਵਜੋਂ ਸ਼ਲਾਘਾ ਪੱਤਰ ਸੌਂਪਿਆ ਗਿਆ। ਪੁਲਿਸ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਕਰਮਚਾਰੀਆਂ ਨੇ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਆਪਣੀ ਅਣਥੱਕ ਮਿਹਨਤ ਅਤੇ ਸਮਰਪਣ ਭਾਵਨਾ ਨਾਲ ਇੱਕ ਮਿਸਾਲ ਪੇਸ਼ ਕੀਤੀ ਏ । ਉਨ੍ਹਾਂ ਕਿਹਾ ਕਿ ਚੰਗੇ ਕੰਮ ਦੇ ਇਨਾਮ ਨਾਲ ਸਬੰਧਿਤ ਕਰਮਚਾਰੀ ਅੰਦਰ ਆਪਣੀ ਜ਼ਿੰਮੇਵਾਰੀ ਨੂੰ ਹੋਰ ਵੀ ਵਧੀਆ ਤਰੀਕੇ ਨਾਲ ਨਿਭਾਉਣ ਦਾ ਜ਼ਜ਼ਬਾ ਪੈਦਾ ਹੁੰਦਾ ਏ ।

-----------------------------------------------------------

IPL ਕ੍ਰਿਕੇਟ ਵਿੱਚ, ਪਲੇਆਫ ਅੱਜ ਤੋਂ ਸ਼ੁਰੂ ਹੋਣਗੇ । ਅੰਕ ਸੂਚੀ ਵਿਚ

ਸਭ ਤੋਂ ਉਪਰ, ਪੰਜਾਬ ਕਿੰਗਜ਼ ਅੱਜ ਸ਼ਾਮ ਮੁੱਲਾਂਪੁਰ ਵਿੱਚ ਪਹਿਲੇ ਕੁਆਲੀਫਾਇਰ ਵਿੱਚ ਰਾਇਲ ਚੈਲੇਂਜਰਜ਼ ਬੰਗਲੁਰੂ ਖਿਲਾਫ਼ ਮੈਦਾਨ ‘ਚ ਉਤਰੇਗੀ। ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

------------------------------------------------------------

**ਆਖ਼ਿਰ ਵਿਚ ਖ਼ਾਸ ਖਬਰਾਂ ਇੱਕ ਵਾਰ ਫੇਰ ਤੋਂ**

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ -ਭਾਸ਼ਾਵਾਂ ਦੇ ਮਾਮਲੇ ਵਿੱਚ ਭਾਰਤ ਦਾ ਦੁਨੀਆ ਵਿੱਚ ਇੱਕ ਵਿਲੱਖਣ ਸਥਾਨ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵਲੋਂ, ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਬਾਰੇ, ਜ਼ਿਲ੍ਹਾ ਚੋਣ ਅਧਿਕਾਰੀ ਅਤੇ ਪੁਲਿਸ ਕਮਿਸ਼ਨਰ ਨਾਲ ਜਾਇਜ਼ਾ ਮੀਟਿੰਗ ।
- ਲੁਧਿਆਣਾ ਪੱਛਮੀ ਸੀਟ ਲਈ ਨਾਮਜ਼ਦਗੀਆਂ ਦੇ ਚੌਥੇ ਦਿਨ 4 ਨਾਮਜ਼ਦਗੀ ਪੱਤਰ ਦਾਖਲ ਹੋਏ।
- ਮਾਲੇਰਕੋਟਲਾ ਵਿਖੇ "ਅੰਗ ਦਾਨ ਜਾਗਰੂਕਤਾ ਵਾਕਾਥੌਨ" ਦਾ ਆਯੋਜਨ।

- ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਦਾ ਅੰਤਿਮ ਸੰਸਕਾਰ ਕੱਲ੍ਹ ਸੰਗਰੂਰ ਜ਼ਿਲ੍ਹੇ ਵਿਚ ਉਨ੍ਹਾਂ ਦੇ ਜੱਦੀ ਪਿੰਡ ਉਭਾਵਾਲ ਵਿਖੇ ਕੀਤਾ ਜਾਵੇਗਾ।
- IPL ਕ੍ਰਿਕੇਟ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ ਅੱਜ ਸ਼ਾਮ ਪਹਿਲੇ ਕੁਆਲੀਫਾਇਰ ਵਿੱਚ, ਰਾਇਲ ਚੈਲੇਂਜਰਜ਼ ਬੰਗਲੁਰੂ ਨਾਲ ਹੋਵੇਗਾ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ**
**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**